# ਵਰਲਡ ਪੰਜਾਬੀ ਟਾਈਮਜ਼

# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times | 14 ਮਈ 2025 ਦਿਨ ਬੁੱਧਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪੰਜਾਬੀ ਲਿਖਾਰੀ ਸਭਾ (ਰਜਿ.) ਸਿਆਟਲ ਵੱਲੋਂ ਸਨਮਾਨ ਸਮਾਰੋਹ ਅਤੇ ਕਵੀ ਦਰਬਾਰ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 14 ਮਈ : ਆਪਣੇ ਸਾਹਿਤਕ ਉਦੇਸ਼ਾਂ ਦੀ ਪ੍ਰਾਪਤੀ ਲਈ ਨਿਰੰਤਰ ਕੋਸ਼ਿਸ਼ਾਂ ਕਰ ਰਹੀ ਪੰਜਾਬੀ ਲਿਖਾਰੀ ਸਭਾ ਸਿਆਟਲ (ਰਜਿ.) ਵੱਲੋਂ ਬੀਤੇ ਦਿਨੀਂ 'ਰੰਧਾਵਾ ਫਾਊਂਡੇਸ਼ਨ, ਕੈਂਟ ਸਿਆਟਲ' ਵਿਖੇ ਕਰਵਾਏ ਗਏ ਸਾਹਿਤਕ ਪ੍ਰੋਗਰਾਮ ਸੰਸਾਰ-ਪ੍ਰਸਿੱਧ ਕਵੀ ਸ਼ਿਵ ਕੁਮਾਰ ਬਟਾਲਵੀ ਦੀ 52ਵੀਂ ਬਰਸੀ ਨੂੰ ਸਮਰਪਿਤ ਕੀਤਾ ਗਿਆ। ਸਮਾਰੋਹ ਦੌਰਾਨ ਉੱਘੇ ਵਿਦਵਾਨ, ਬਹੁ-ਭਾਸ਼ੀ ਸਾਹਿਤਕਾਰ, ਸਿੱਖਿਆ ਸ਼ਾਸ਼ਤਰੀ ਅਤੇ ਕਈ ਸੰਸਥਾਵਾਂ ਦੀ ਸਥਾਪਨਾ ਕਰ ਕੇ ਲੋੜਵੰਦਾਂ ਨੂੰ ਸੇਵਾਵਾਂ ਦੇ ਰਹੇ, ਸਭਾ ਦੇ ਸੀਨੀਅਰ ਮੈਂਬਰ ਡਾ. ਪ੍ਰੇਮ ਕੁਮਾਰ ਦਾ ਸਭਾ ਵੱਲੋਂ ਸਨਮਾਨ ਕੀਤਾ ਗਿਆ। ਸਭਾ ਦੇ ਸਕੱਤਰ ਪ੍ਰਿਤਪਾਲ ਸਿੰਘ ਟਿਵਾਣਾ ਨੇ ਸਭਨਾਂ ਨੂੰ ਜੀ ਆਇਆਂ ਕਿਹਾ ਅਤੇ ਸ਼ਿਵ ਕੁਮਾਰ ਬਟਾਲਵੀ ਵੱਲੋਂ ਮਾਂ ਬੋਲੀ ਪੰਜਾਬੀ ਦੀ ਝੋਲੀ ਪਾਈਆਂ ਕਿਤਾਬਾਂ – ਪੀੜਾਂ ਦਾ ਪਰਾਗਾ, ਲਾਜਵੰਤੀ, ਆਟੇ ਦੀਆਂ ਚਿੜੀਆਂ, ਲੂਣਾ ਆਦਿ ਦੀ ਜਾਣਕਾਰੀ ਸਾਂਝੀ ਕੀਤੀ। ਸਭਾ ਦੇ ਪ੍ਰਧਾਨ ਬਲਿਹਾਰ ਲੇਹਲ ਨੇ ਸਨਮਾਨਿਤ ਸ਼ਖ਼ਸੀਅਤ ਡਾ. ਪ੍ਰੇਮ ਕੁਮਾਰ ਦੀ ਜਾਣ ਪਹਿਚਾਣ ਕਰਵਾਈ ਅਤੇ ਸ਼ਿਵ ਦੀ ਲੂਣਾ ਦਾ ਜ਼ਿਕਰ ਕਰਦਿਆਂ ਉਹਨਾਂ 'ਲੂਣਾ' ਬਾਰੇ ਕੁਝ ਸੋਚਣ ਲਈ ਸਮਾਜ ਨੂੰ ਪ੍ਰੇਰਿਆ ਜੋ ਸਮਾਜ ਦੇ ਧੱਕਿਆਂ ਦੀਆਂ ਸ਼ਿਕਾਰ ਹੋ ਕੇ ਅੱਲ੍ਹੜ-ਉਮਰੇ ਕੈਨੇਡਾ ਦੀ ਫ੍ਰੇਜ਼ਰ ਨਦੀ ਦੇ ਪੁਲ ਤੋਂ ਛਾਲ ਮਾਰ ਕੇ ਆਪਣੀਆਂ ਜੀਵਨ-ਲੀਲਾਵਾਂ ਸਮਾਪਤ ਕਰ ਚੁੱਕੀਆਂ ਹਨ ਜਾਂ ਕਰ ਰਹੀਆਂ ਹਨ। 'ਲੂਣਾ' ਵਰਗੇ ਮਹਾਂਕਾਵਿ ਨਾਲ ਔਰਤਾਂ ਦੀ ਪ੍ਰਚੱਲਤ ਦਸ਼ਾ-ਦਿਸ਼ਾ ਨੂੰ ਨਵੇਂ ਅਰਥ ਪ੍ਰਦਾਨ ਕਰਨ ਵਾਲੇ ਬ੍ਰਿਹੋਂ-ਸਮਰਾਟ ਕਵੀ ਸ਼ਿਵ ਕੁਮਾਰ ਬਟਾਲਵੀ ਦੀ ਜ਼ਿੰਦਗੀ ਦੇ ਕਈ ਪੱਖਾਂ 'ਤੇ ਚਾਨਣਾ ਪਾਉਂਦਿਆਂ, ਉਹਨਾਂ ਨਾਲ ਬਿਤਾਏ ਪਲਾਂ ਨੂੰ ਯਾਦ ਕੀਤਾ। ਡਾ. ਪ੍ਰੇਮ ਕੁਮਾਰ ਨੇ ਸ਼ਿਵ ਦੀਆਂ ਰਚਨਾਵਾਂ ਅਤੇ ਉਹਨਾਂ ਦੀ ਜ਼ਿੰਦਗੀ ਦੀਆਂ ਕਈ ਖਾਸ ਘਟਨਾਵਾਂ, ਉਹਨਾਂ ਦੇ ਸੁਭਾਅ, ਰਹਿਣ ਸਹਿਣ ਦੇ ਢੰਗ ਦੇ ਕਈ ਪੱਖਾਂ ਬਾਰੇ ਸਰੋਤਿਆਂ ਨੂੰ ਜਾਣੂੰ ਕਰਵਾਇਆ। ਅਵਤਾਰ ਸਿੰਘ ਆਦਮਪੁਰੀ, ਰਾਜਿੰਦਰ ਸਿੰਘ ਮਿਨਹਾਸ, ਹਰਜਿੰਦਰ ਸਿੰਘ ਸੰਧਾਵਾਲੀਆ, ਹਰਸ਼ਿੰਦਰ ਸਿੰਘ ਸੰਧੂ, ਕਿਰਨ ਸੋਹਲ, ਮਨਜੀਤ ਕੌਰ ਕੋਟਕਪੁਰਾ, ਜਗੀਰ ਸਿੰਘ, ਉਪਿੰਦਰ ਸਿੰਘ ਢੀਂਡਸਾ, ਹਰਦੇਵ ਸਿੰਘ ਜੱਜ, ਹਰਕੀਰਤ ਕੌਰ, ਜੰਗਪਾਲ ਸਿੰਘ ਨੇ ਸ਼ਿਵ ਦੀਆਂ ਲੋਕ-ਸਾਹਿਤ ਦਾ ਹਿੱਸਾ ਬਣੀਆਂ ਅਤੇ ਅਮਰ ਹੋ ਚੁੱਕੀਆਂ ਲਿਖਤਾਂ ਦੀ ਗੱਲ ਕੀਤੀ।

ਪੰਜਾਬੀ ਲਿਖਾਰੀ ਸਭਾ ਸਿਆਟਲ (ਰਜਿ.) ਲਈ ਦਹਾਕਿਆਂ ਤੋਂ ਸਮਰਪਿਤ ਦੀ ਭਾਵਨਾ ਨਾਲ ਕੰਮ ਕਰ ਰਹੇ, ਆਉਣ ਵਾਲੀ ਪੀੜ੍ਹੀ ਲਈ ਤਕੜਾ ਪਲੇਟਫਾਰਮ ਮੁਹੱਈਆ ਕਰਵਾਉਣ ਵਾਲੇ, ਮਾਂ ਬੋਲੀ ਪੰਜਾਬੀ ਦੇ ਸਰਵ ਪੱਖੀ ਵਿਕਾਸ ਲਈ ਯਤਨ ਕਰ ਰਹੇ ਸੁਝਵਾਨ, ਮਿੱਠ ਬੋਲੜੇ ਸਾਹਿਤਕਾਰ ਅਤੇ ਸਭਾ ਦੇ ਸਤਿਕਾਰਿਤ ਸੀਨੀਅਰ ਮੈਂਬਰ ਡਾ. ਪ੍ਰੇਮ ਕੁਮਾਰ ਦਾ ਸਭਾ ਵੱਲੋਂ ਸਨਮਾਨ ਕੀਤਾ ਗਿਆ। ਸਭਾ ਦੇ ਪ੍ਰੈਸ ਸਕੱਤਰ ਮੰਗਤ ਕੁਲਜਿੰਦ ਨੇ ਉਹਨਾਂ ਦੇ ਲਿਖੇ ਇਕ ਸ਼ਿਅਰ 'ਪਹਿਲੀ ਵਾਰ ਜਦੋਂ ਉਹ ਘਰ ਤੋਂ ਬਾਹਰ ਗਿਆ, ਬੰਦ ਬੂਹੇ ਨੂੰ ਚੁੱਪ ਦਾ ਜੰਦਰਾ ਮਾਰ ਗਿਆ।' ਰਾਹੀਂ ਆਪਣੇ ਸਤਿਕਾਰ ਦਾ ਇਜ਼ਹਾਰ ਕੀਤਾ ਅਤੇ ਡਾ. ਪ੍ਰੇਮ ਕੁਮਾਰ ਦੀ ਸ਼ਖ਼ਸੀਅਤ ਨੂੰ ਉਭਾਰਦੀ ਇਕ ਕਵਿਤਾ ਪੇਸ਼ ਕੀਤੀ। ਸਭਾ ਦੇ ਸਮੂਹ ਮੈਂਬਰਾਂ, ਅਹੁਦੇਦਾਰਾਂ ਵੱਲੋਂ ਉਹਨਾਂ ਨੂੰ ਸਨਮਾਨ-ਚਿੰਨ੍ਹ ਦੇ ਕੇ ਅਤੇ ਉਹਨਾਂ ਦੀ ਸੁਪਤਨੀ ਸਵਰਨ ਕੁਮਾਰ ਨੂੰ ਸ਼ਾਲ ਨਾਲ ਸਨਮਾਨਿਤ ਕੀਤਾ ਗਿਆ। ਸ਼ਹਿਰ ਦੀਆਂ ਕਈ ਹੋਰ ਬਹੁ-ਗੁਣੀ ਸ਼ਖ਼ਸੀਅਤਾਂ ਨੂੰ ਵੀ ਸਭਾ ਵੱਲੋਂ ਸਨਮਾਨਿਆ ਗਿਆ।

ਰਚਨਾਵਾਂ ਦੇ ਦੌਰ ਵਿਚ ਸਭਾ ਦੇ ਸਰਪ੍ਰਸਤ ਸ਼ਿੰਗਾਰ ਸਿੰਘ ਸਿੱਧੂ ਨੇ ਧੀ-ਪਿਉ ਦੇ ਨਿੱਘੇ ਰਿਸ਼ਤੇ ਨੂੰ ਦਰਸਾਉਂਦਾ ਗੀਤ 'ਤੇਰੇ ਮਹਿਲਾਂ ਵਿੱਚ ਪਾਇਆ ਮੈਂ ਤੇਰਾ ਪਿਆਰ ਬਾਪੂ' ਅਤੇ ਗਾਇਕ ਬਲਬੀਰ ਸਿੰਘ ਲਹਿਰਾ ਨੇ ਸ਼ਿਵ ਦਾ ਗੀਤ 'ਕੀ ਪੁੱਛਦੇ ਹੋ ਹਾਲ ਫਕੀਰਾਂ ਦਾ...' ਨੂੰ ਆਪਣੀ ਸੋਜ਼ ਭਰੀ ਆਵਾਜ਼ ਵਿੱਚ ਪੇਸ਼ ਕੀਤਾ। ਸਾਧੂ ਸਿੰਘ ਝੱਜ ਦਾ ਗੀਤ 'ਮਦਰ ਡੇਅ' ਨੂੰ ਸਮਰਪਿਤ ਰਿਹਾ। ਦਵਿੰਦਰ ਹੀਰਾ ਨੇ 'ਪੂਜੋ ਉਹਨਾਂ ਨੇਕ ਇਨਸਾਨਾਂ ਨੂੰ...', ਜਸਬੀਰ ਸਿੰਘ ਬਾਦਨ ਨੇ ਹਰਮੋਨੀਅਮ ਧੁਨਾਂ ਨੂੰ ਆਪਣੇ ਗੀਤ ਰਾਹੀਂ ਕਾਇਮ ਰੱਖਿਆ। ਰੇਖਾ ਸੂਦ ਆਪਣੇ ਗੀਤ 'ਮੈਂ ਧੂੰਏਂ ਦੇ ਪੱਜ ਰੋਵਾਂ' ਰਾਹੀਂ ਔਰਤ ਦੀ ਵੇਦਨਾ ਕਹਿ ਰਹੀ ਸੀ।

ਹੋਰਨਾਂ ਤੋਂ ਇਲਾਵਾ ਲਾਲੀ ਸੰਧੂ, ਜਸਵੀਰ ਸਹੋਤਾ, ਸ਼ਿੰਦਰਪਾਲ ਸਿੰਘ ਔਜਲਾ, ਜਸਵਿੰਦਰ ਕੌਰ, ਸੁਰਿੰਦਰ ਕੌਰ, ਮਨਜੀਤ ਕੌਰ, ਸੁਰਿੰਦਰ ਕੌਰ, ਪਰਾਨ ਵਾਹੀ, ਸੰਤੋਸ਼ ਵਾਹੀ, ਗੁਰਮੁਖ ਸਿੰਘ, ਰਾਕੇਸ਼ ਖੰਨਾ, ਨਰਿੰਦਰ ਸੂਦ, ਬਲਵੰਤ ਸਿੰਘ, ਦਲਜੀਤ ਸਿੰਘ, ਜਸਬੀਰ ਸਿੰਘ, ਚਰਨਜੀਤ ਸਿੰਘ, ਹਰਦੀਪ ਸਿੰਘ ਗਿੱਲ, ਰਸ਼ਮੀ ਸ਼ਰਮਾ, ਜੋਤੀ ਕੌਰ ਵਾਡਨ, ਸੁਖਦਰਸ਼ਨ ਸਿੰਘ, ਇੰਦਰਜੀਤ ਕੌਰ ਮਨਹਾਸ, ਗੁਰਿੰਦਰ ਗਰੇਵਾਲ, ਗੁਰਜੀਤ ਕੌਰ ਗਰੇਵਾਲ, ਸੁੱਚਾ ਸਿੰਘ ਗਿੱਲ, ਕੰਵਲਜੀਤ ਕੌਰ ਗਿੱਲ, ਪਰਮਜੀਤ ਸਿੰਘ ਸ਼ੇਰਗਿੱਲ, ਮਨਮੋਹਨ ਸਿੰਘ ਧਾਲੀਵਾਲ, ਜਤਿੰਦਰ ਕੌਰ ਧਾਲੀਵਾਲ, ਜਸਵੀਰ ਸਿੰਘ ਸਹੋਤਾ, ਰਮਿੰਦਰਪਾਲ ਸਿੰਘ ਗਿੱਲ, ਅਮਰੀਕ ਸਿੰਘ ਰੰਧਾਵਾ, ਸ਼ਿਵ ਬੱਤਰਾ, ਬਿਕਰਮਜੀਤ ਸਿੰਘ ਚੀਮਾ, ਗੁਰਮੀਤ ਸਿੰਘ ਥਿੰਦ, ਪਵਨਜੀਤ ਸਿੰਘ ਗਿੱਲ, ਸੈਮ ਵਿਰਕ, ਮਲਕੀਤ ਸਿੰਘ, ਸ਼ਾਹ ਨਿਵਾਜ ਵੀ ਸਮਾਗਮ ਵਿਚ ਹਾਜਰ ਸਨ।

ਸਟੇਜ ਸੰਚਾਲਨ ਕਰਿਦਆਂ ਪ੍ਰਿਤਪਾਲ ਸਿੰਘ ਟਿਵਾਣਾ ਅਤੇ ਰਣਜੀਤ ਸਿੰਘ ਮੱਲ੍ਹੀ ਨੇ ਰੌਚਕਤਾ ਬਣਾਈ ਰੱਖੀ। ਅੰਤ ਵਿੱਚ ਸਭਾ ਦੇ ਪ੍ਰਧਾਨ ਬਲਿਹਾਰ ਸਿੰਘ ਲੇਹਲ ਨੇ ਸਭਾ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ ਅਤੇ ਆਏ ਹੋਏ ਪਤਵੰਤਿਆਂ ਦਾ ਦਿਲੀ ਧੰਨਵਾਦ ਕੀਤਾ। ਸਾਰੇ ਸਮਾਗਮ ਨੂੰ ਕੈਮਰੇ ਦੀ ਅੱਖ ਵਿੱਚ ਕੈਦ ਕਰਨ ਅਤੇ ਸੋਸ਼ਲ ਮੀਡੀਏ ਦੇ ਵਿਹੜੇ ਲੈ ਜਾਣ ਦਾ ਕੰਮ ਰਣਜੀਤ ਸਿੰਘ ਮੱਲ੍ਹੀ ਨੇ ਕੀਤਾ। ਇਸ ਮੌਕੇ ਬਠਿੰਡਾ (ਪੰਜਾਬ) ਤੋਂ ਨਿਕਲਦੇ ਹਾਸ ਵਿਅੰਗ ਦੇ ਤਿਮਾਹੀ ਮੈਗਜ਼ੀਨ 'ਸ਼ਬਦ ਤ੍ਰਿੰਜਣ' ਦੇ ਨਵਾਂ ਅੰਕ ਅਤੇ ਦੇਸ਼ ਵਿਦੇਸ਼ ਦੇ ਉਭਰਦੇ ਕਵੀਆਂ-ਕਵਿਤਰੀਆਂ ਦਾ ਸਾਂਝਾ ਕਾਵਿ-ਸੰਗ੍ਰਹਿ 'ਮੁਹੱਬਤਾਂ ਸਾਂਝੇ ਪੰਜਾਬ ਦੀਆਂ' ਸਭਾ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਰੀਲੀਜ਼ ਕੀਤਾ ਗਿਆ।

## ਦਸਮੇਸ਼ ਪਬਲਿਕ ਸਕੂਲ ਦਾ 10ਵੀਂ ਅਤੇ 12ਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ

### ਜਮਾਤ 12ਵੀਂ ਕਾਮਰਸ ਸਟਰੀਮ ਵਿੱਚੋਂ ਰਵਨੀਤ ਕੌਰ ਨੇ 98.4% ਅੰਕ ਲੈ ਕੇ ਜਿਲ੍ਹੇ 'ਚੋਂ ਟਾਪ ਕੀਤਾ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 14 ਮਈ : ਬੀਤੇ ਦਿਨੀਂ ਸੀ.ਬੀ.ਐਸ.ਈ. ਬੋਰਡ ਵੱਲੋਂ 10ਵੀਂ ਅਤੇ 12ਵੀਂ ਜਮਾਤ ਦਾ ਨਤੀਜਾ ਐਲਾਨ ਦਿੱਤਾ ਗਿਆ। ਜਿਸ ਵਿੱਚ ਇਲਾਕੇ ਦੀ ਵਿੱਦਿਅਕ ਸੰਸਥਾ ਦਸਮੇਸ਼ ਪਬਲਿਕ ਸਕੂਲ ਫਰੀਦਕੋਟ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 100 ਫੀਸਦੀ ਰਿਹਾ। ਇਸ ਸਬੰਧੀ ਵਾਇਸ ਪ੍ਰਿੰਸੀਪਲ ਸ੍ਰੀ ਰਾਕੇਸ਼ ਧਵਨ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਜਮਾਤ 12ਵੀਂ ਕਾਮਰਸ ਸਟਰੀਮ ਵਿੱਚੋਂ ਰਵਨੀਤ ਕੌਰ ਨੇ 98.4% ਅੰਕ ਲੈ ਕੇ ਜਿਲ੍ਹੇ 'ਚੋਂ ਟਾਪ ਕੀਤਾ, ਆਗਿਆਪਾਲ ਸਿੰਘ 97.8% ਦੂਜੀ ਪੁਜੀਸ਼ਨ ਅਤੇ ਅਰਮਾਨ ਢੀਂਗਰਾ ਨੇ 97.4% ਅੰਕ ਲੈ ਕੇ ਤੀਜੀ ਪੁਜੀਸ਼ਨ ਹਾਸਲ ਕੀਤੀ ਅਤੇ ਇਸੇ ਤਰ੍ਹਾਂ ਨਾਨ ਮੈਡੀਕਲ ਸਟਰੀਮ ਦੇ ਖੁਸ਼ਦੀਪ ਸਿੰਘ ਨੇ 97.2 ਪਹਿਲੀ ਪੁਜੀਸ਼ਨ, ਤੇਜਨਪ੍ਰੀਤ ਸਿੰਘ ਅਤੇ ਨਵਜੋਤ ਕੌਰ ਨੇ 96.4% ਦੂਜੀ ਪੁਜੀਸ਼ਨ ਅਤੇ ਸਵਿਪਨਦੀਪ ਸਿੰਘ ਨੇ 95.8% ਲੈ ਕੇ ਲੈ ਤੀਜੀ ਪੁਜੀਸ਼ਨ ਅਤੇ ਮੈਡੀਕਲ ਸਟਰੀਮ ਵਿੱਚੋਂ ਰਵਿੰਦਰ ਕੌਰ 96.8% ਪਹਿਲੀ ਪੁਜੀਸ਼ਨ, ਅਨੁਰੀਤ ਕੌਰ 96.4 ਦੂਜੀ ਅਤੇ ਕਾਰਤਿਕ 96% ਅੰਕ ਲੈ ਕੇ ਤੀਜੀ ਪੁਜੀਸ਼ਨ ਹਾਸਲ ਕਰਕੇ ਆਪਣਾ ਅਤੇ ਆਪਣੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ।ਇਸੇ ਤਰ੍ਹਾਂ 10ਵੀਂ ਜਮਾਤ ਦੀ ਵਿਦਿਆਰਥਣ ਜਾਨਵੀ 99.2% ਪਹਿਲੀ ਪੁਜੀਸ਼ਨ, ਅੰਜਨਵੀਰ ਸਿੰਘ 99% ਦੂਜੀ ਪੁਜੀਸ਼ਨ ਅਤੇ ਸਿਮਰਨ ਕੌਰ ਸੰਧੂ 98.6% ਤੀਸਰੀ ਪੁਜੀਸ਼ਨ ਪ੍ਰਾਪਤ ਕੀਤੀ। ਸਕੂਲ ਦੇ ਪ੍ਰਿੰਸੀਪਲ ਸ੍ਰੀ ਅਪੂਰਵ ਦੇਵਗਨ ਨੇ ਇਸ ਸ਼ਾਨਦਾਰ ਨਤੀਜੇ 'ਤੇ ਕੁਆਰਡੀਨੇਟਰਜ਼, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਤਹਿ ਦਿਲੋਂ ਵਧਾਈ ਦਿੰਦਿਆਂ ਦੱਸਿਆ ਕਿ ਇਸ ਸਾਲ 10ਵੀਂ ਜਮਾਤ ਵਿੱਚ 290 ਅਤੇ 12ਵੀਂ ਜਮਾਤ ਵਿੱਚ 573 ਵਿਦਿਆਰਥੀ ਪ੍ਰੀਖਿਆ ਵਿੱਚ ਬੈਠੇ ਅਤੇ ਸਾਰੇ ਹੀ ਵਧੀਆ ਨੰਬਰ ਲੈ ਕੇ ਪਾਸ ਹੋਏ ਹਨ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਜਸਬੀਰ ਸਿੰਘ ਸੰਧੂ, ਡਾ. ਗੁਰਸੇਵਕ ਸਿੰਘ (ਵਾਇਸ ਪ੍ਰਧਾਨ) ਅਤੇ ਸਵਰਨਜੀਤ ਸਿੰਘ ਗਿੱਲ (ਖਜਾਨਚੀ) ਨੇ ਦਸਵੀਂ ਅਤੇ ਬਾਰਵੀਂ ਦਾ ਵਧੀਆ ਨਤੀਜਾ ਆਉਣ 'ਤੇ ਪ੍ਰਿੰਸੀਪਲ ਸ੍ਰੀ ਅਪੂਰਵ ਦੇਵਗਨ, ਰਵਿੰਦਰ ਚੌਧਰੀ ਰਜਿਸਟਰਾਰ, ਵਾਇਸ ਪ੍ਰਿੰ: ਸ੍ਰੀ ਰਾਕੇਸ਼ ਧਵਨ, ਕੋਆਰਡੀਨੇਟਰ ਮੈਡਮ ਪ੍ਰਿਯੰਆਵਦਾ ਭੁੱਲਰ ਅਤੇ ਅਧਿਆਪਕਾਂ ਨੂੰ ਤਹਿ ਦਿਲੋਂ ਵਧਾਈਆਂ ਦਿੱਤੀਆਂ।




## ਬੀਸੀ ਦੀ ਨਾਮਵਰ ਸ਼ਖ਼ਸੀਅਤ ਸੁਰਿੰਦਰ ਸਿੰਘ ਜੱਬਲ ਨੂੰ ਸਦਮਾ – ਸੁਪਤਨੀ ਗੁਰਮਿੰਦਰ ਕੌਰ ਜੱਬਲ ਦਾ ਦੇਹਾਂਤ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 14 ਮਈ : ਕੈਨੇਡੀਅਨ ਰਾਮਗੜ੍ਹੀਆ ਸੁਸਾਇਟੀ ਦੇ ਸਾਬਕਾ ਪ੍ਰਧਾਨ ਅਤੇ ਗੁਰਦੁਆਰਾ ਸਾਹਿਬ ਬਰੁੱਕਸਾਈਡ ਸਰੀ ਦੇ ਪਬਲਿਕ ਰਿਲੇਸ਼ਨ ਸਕੱਤਰ ਸੁਰਿੰਦਰ ਸਿੰਘ ਜੱਬਲ ਨੂੰ ਉਸ ਸਮੇਂ ਡੂੰਘਾ ਸਦਮਾ ਪੁੱਜਿਆ ਜਦੋਂ ਉਨ੍ਹਾਂ ਦੀ ਸੁਪਤਨੀ ਗੁਰਮਿੰਦਰ ਕੌਰ ਜੱਬਲ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ। ਉਹ 77 ਸਾਲ ਦੇ ਸਨ। ਉਨ੍ਹਾਂ ਦੇ ਹੱਸਮੁੱਖ ਸੁਭਾਅ, ਉਦਾਰਤਾ ਅਤੇ ਸੇਵਾ ਭਾਵਨਾ ਨੇ ਅਨੇਕਾਂ ਲੋਕਾਂ ਦੇ ਜੀਵਨ ਉੱਪਰ ਅਮਿੱਟ ਛਾਪ ਛੱਡੀ। ਉਨ੍ਹਾਂ ਦਾ ਅੰਤਿਮ ਸੰਸਕਾਰ 18 ਮਈ 2025 (ਐਤਵਾਰ) ਨੂੰ ਸਵੇਰੇ 10 ਵਜੇ ਰਿਵਰਸਾਈਡ ਫਿਊਨਰਲ ਹੋਮ, 7410 ਹੌਪਕੋਟ ਰੋਡ, ਡੈਲਟਾ (ਬੀਸੀ) ਵਿਖੇ ਹੋਵੇਗਾ। ਉਪਰੰਤ ਸਹਿਜ ਪਾਠ ਭੋਗ ਅਤੇ ਅੰਤਿਮ ਅਰਦਾਸ ਦੁਪਹਿਰ 12 ਵਜੇ ਗੁਰਦੁਆਰਾ ਸਾਹਿਬ ਬਰੁੱਕਸਾਈਡ, 8365 140 ਸਟਰੀਟ, ਸਰੀ (ਬੀਸੀ) ਵਿਖੇ ਹੋਵੇਗੀ। ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਸੁਰਿੰਦਰ ਸਿੰਘ ਜੱਬਲ ਨਾਲ ਫੋਨ ਨੰਬਰ 778-836-2543 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਨਾਮਵਰ ਸਿੱਖ ਵਿਦਵਾਨ ਜੈਤੇਗ ਸਿੰਘ ਅਨੰਤ, 'ਗੁਰੂ ਨਾਨਕ ਇੰਸਟੀਚਿਊਟ ਆਫ਼ ਗਲੋਬਲ ਸਟੱਡੀਜ਼' ਦੇ ਚੇਅਰਮੈਨ ਗਿਆਨ ਸਿੰਘ ਸੰਧੂ, ਪ੍ਰੋ. ਬਲਕਾਰ ਸਿੰਘ ਪਟਿਆਲਾ, ਉਜਾਗਰ ਸਿੰਘ ਪਟਿਆਲਾ ਅਤੇ ਹੋਰ ਕਈ ਸ਼ਖ਼ਸੀਅਤਾਂ ਨੇ ਗੁਰਮਿੰਦਰ ਕੌਰ ਜੱਬਲ ਦੇ ਸਦੀਵੀ ਵਿਛੋੜੇ 'ਤੇ ਦੁੱਖ ਪ੍ਰਗਟ ਕਰਦਿਆਂ ਜੱਬਲ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ ਹੈ।

## ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਕੈਬਨਿਟ ਵਿੱਚ ਚਾਰ ਪੰਜਾਬੀ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਵੈਨਕੂਵਰ 14 ਮਈ : ਕੈਨੇਡੀਅਨਾਂ ਨੇ ਇਸ ਨਵੀਂ ਸਰਕਾਰ ਨੂੰ ਅਮਰੀਕਾ ਨਾਲ ਇੱਕ ਨਵੇਂ ਆਰਥਿਕ ਅਤੇ ਸੁਰੱਖਿਆ ਸਬੰਧ ਨੂੰ ਪਰਿਭਾਸ਼ਿਤ ਕਰਨ, ਇੱਕ ਮਜ਼ਬੂਤ ਅਰਥਵਿਵਸਥਾ ਬਣਾਉਣ, ਰਹਿਣ-ਸਹਿਣ ਦੀ ਲਾਗਤ ਘਟਾਉਣ ਅਤੇ ਸਾਡੇ ਭਾਈਚਾਰਿਆਂ ਨੂੰ ਸੁਰੱਖਿਅਤ ਰੱਖਣ ਲਈ ਇੱਕ ਮਜ਼ਬੂਤ ਫਤਵੇ ਨਾਲ ਚੁਣਿਆ ਹੈ। ਇਹ ਕੇਂਦ੍ਰਿਤ ਟੀਮ ਤਬਦੀਲੀ ਲਈ ਇਸ ਫਤਵੇ 'ਤੇ ਤੁਰੰਤ ਅਤੇ ਦ੍ਰਿੜਤਾ ਨਾਲ ਕੰਮ ਕਰੇਗੀ।

ਨਵੀਂ ਸਰਕਾਰ ਨਿਵੇਸ਼ ਨੂੰ ਉਤਪ੍ਰੇਰਿਤ ਕਰਨ ਅਤੇ ਇੱਕ ਨਵੀਂ ਕੈਨੇਡੀਅਨ ਅਰਥਵਿਵਸਥਾ ਬਣਾਉਣ ਲਈ ਕੰਮ ਕਰੇਗੀ – ਇੱਕ ਅਜਿਹੀ ਜੋ ਉੱਚ-ਤਨਖਾਹ ਵਾਲੇ ਕਰੀਅਰ ਬਣਾਉਂਦੀ ਹੈ, ਆਮਦਨ ਵਧਾਉਂਦੀ ਹੈ, ਅਤੇ ਭਵਿੱਖ ਦੇ ਝਟਕਿਆਂ ਦਾ ਸਾਹਮਣਾ ਕਰ ਸਕਦੀ ਹੈ। ਉਹ ਰਾਸ਼ਟਰ-ਨਿਰਮਾਣ ਨਿਵੇਸ਼ਾਂ ਨੂੰ ਅੱਗੇ ਵਧਾਉਣ ਲਈ ਸੂਬਿਆਂ, ਪ੍ਰਦੇਸ਼ਾਂ ਅਤੇ ਆਦਿਵਾਸੀ ਲੋਕਾਂ ਨਾਲ ਮਿਲ ਕੇ ਕੰਮ ਕਰਨਗੇ ਜੋ ਇੱਕ ਮਜ਼ਬੂਤ, ਸੰਯੁਕਤ ਅਰਥਵਿਵਸਥਾ ਬਣਾਉਣ ਦੇ ਸਰਕਾਰ ਦੇ ਮੁੱਖ ਮਿਸ਼ਨ ਦਾ ਸਮਰਥਨ ਕਰਨਗੇ – G7 ਵਿੱਚ ਸਭ ਤੋਂ ਮਜ਼ਬੂਤ ਅਰਥਵਿਵਸਥਾ।

ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਕੈਬਨਿਟ ਵਿੱਚ ਚਾਰ ਪੰਜਾਬੀ ਹਨ: ਅਨੀਤਾ ਆਨੰਦ, ਵਿਦੇਸ਼ ਮੰਤਰੀ, ਮਨਿੰਦਰ ਸਿੱਧੂ, ਅੰਤਰਰਾਸ਼ਟਰੀ ਵਪਾਰ ਮੰਤਰੀ, ਰੂਬੀ ਸਹੋਤਾ, ਰਾਜ ਸਕੱਤਰ (ਅਪਰਾਧ ਨਾਲ ਨਜਿੱਠਣ) ਅਤੇ ਰਣਦੀਪ ਸਰਾਏ, ਰਾਜ ਸਕੱਤਰ (ਅੰਤਰਰਾਸ਼ਟਰੀ ਵਿਕਾਸ)।

## ਬਾਬਾ ਫਰੀਦ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਦਸਵੀਂ ਤੇ ਬਾਰਵੀਂ ਜਮਾਤ ਦੇ ਨਤੀਜੇ ਵਿੱਚ ਮਾਰੀਆਂ ਮੱਲਾਂ

### ਇਨ੍ਹਾਂ ਪ੍ਰਾਪਤੀਆਂ ਲਈ ਸਮੁੱਚੀ ਮੈਨੇਜਮੈਂਟ ਕਮੇਟੀ ਵੱਲੋਂ ਖੁਸ਼ੀ ਵਿੱਚ ਅਦਾਰੇ ਵਿਖੇ ਅੱਜ ਛੁੱਟੀ ਦਾ ਕੀਤਾ ਗਿਆ ਐਲਾਨ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 14 ਮਈ : ਬਾਬਾ ਸ਼ੇਖ ਫਰੀਦ ਜੀ ਦੀ ਅਪਾਰ ਬਖਸ਼ਿਸ਼ ਸਦਕਾ ਬਾਬਾ ਫਰੀਦ ਪਬਲਿਕ ਸਕੂਲ ਦਾ ਸੀ.ਬੀ.ਐਸ.ਈ ਦਾ ਦਸਵੀਂ ਅਤੇ ਬਾਰਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਫਰੀਦ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਦਸਵੀਂ ਅਤੇ ਬਾਰਵੀਂ ਜਮਾਤ ਦੇ ਨਤੀਜੇ ਵਿੱਚ ਮੱਲਾ ਮਾਰੀਆਂ ਹਨ। ਬਾਰਵੀਂ ਜਮਾਤ ਵਿੱਚੋਂ ਸਾਇੰਸ ਸਟਰੀਮ ਵਿੱਚੋਂ ਅਰਮਾਨ ਸਿੰਘ ਨੇ 95.4% ਨਾਲ ਪਹਿਲਾ, ਕੁਲਜੀਤ ਕੋਰ ਨੇ 95% ਨਾਲ ਦੂਜਾ ਅਤੇ ਅਰਸ਼ਨੂਰ ਸਿੰਘ ਅਤੇ ਮਾਨਵਜੀਤ ਕੋਰ ਨੇ 92.6% ਨਾਲ ਤੀਜਾ ਸਥਾਨ। ਕਾਮਰਸ ਸਟਰੀਮ ਵਿੱਚੋਂ ਰੀਤੀਕਾ ਵਰਮਾ ਨੇ 95.6% ਨਾਲ ਪਹਿਲਾ, ਐਸ਼ਪ੍ਰੀਤ ਸਿੰਘ ਨੇ 93.6% ਨਾਲ ਦੂਜਾ ਅਤੇ ਬੇਅੰਤ ਕੋਰ ਨੇ 93.2% ਨਾਲ ਤੀਜਾ ਸਥਾਨ ਅਤੇ ਇਸੇ ਤਰ੍ਹਾਂ ਹਿਊਮੈਂਟਿਜ਼ ਸਟਰੀਮ ਵਿੱਚੋਂ ਮਹਿਕਜੋਤ ਕੋਰ ਨੇ 95.2% ਨਾਲ ਪਹਿਲਾ ਸਥਾਨ, ਸੁਖਦੀਪ ਕੌਰ ਨੇ 94.4% ਨਾਲ ਦੂਜਾ ਸਥਾਨ ਅਤੇ ਪਵਨਜੋਤ ਕੋਰ ਨੇ 91.4% ਤੀਜਾ ਸਥਾਨ ਹਾਸਲ ਕੀਤਾ।



ਦਸਵੀਂ ਜਮਾਤ ਵਿੱਚੋਂ ਜੈਸਮੀਨ ਕੋਰ ਬਰਾੜ ਨੇ 98.2% ਨਾਲ ਪਹਿਲਾ, ਹਰਸਿਮਰਨ ਕੋਰ ਨੇ 98% ਨਾਲ ਦੂਜਾ ਅਤੇ ਖੁਸ਼ਪ੍ਰੀਤ ਕੋਰ ਅਤੇ ਜੀਆ ਕੱਕੜ ਨੇ 97.4% ਨਾਲ ਤੀਸਰਾ ਸਥਾਨ ਹਾਸਲ ਕੀਤਾ ਹੈ। ਬਾਰਵੀਂ ਜਮਾਤ ਵਿੱਚੋਂ 40 ਵਿਦਿਆਰਥੀਆਂ ਨੇ ਅਤੇ ਦਸਵੀਂ ਵਿੱਚੋਂ ਕੁੱਲ 50 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ। ਅਦਾਰੇ ਦੇ ਪ੍ਰੈਜ਼ੀਡੈਂਟ ਸ. ਸਿਮਰਜੀਤ ਸਿੰਘ ਜੀ ਸੇਖੋਂ ਨੇ ਵਿਦਿਆਰਥੀਆਂ ਨੂੰ ਆਪਣੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਕਾ. ਪ੍ਰਿੰਸੀਪਲ ਸ੍ਰੀਮਤੀ ਸੁਖਦੀਪ ਕੌਰ, ਕਾ. ਵਾਈਸ ਪ੍ਰਿੰਸੀਪਲ ਸ੍ਰੀਮਤੀ ਹਰਸਿਮਰਨਜੀਤ ਕੌਰ ਅਤੇ ਕੋਆਰਡੀਨੇਟਰਜ਼ ਦੁਆਰਾ ਵਧੀਆ ਅੰਕ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਉਹਨਾਂ ਦੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਗਈਆ। ਇਸ ਤੋਂ ਇਲਾਵਾ ਵਿਦਿਆਰਥੀਆਂ ਤੇ ਉਹਨਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਗਿਆ ਕਿ ਬਾਬਾ ਫਰੀਦ ਪਬਲਿਕ ਸਕੂਲ ਦੇ ਵਿਦਿਆਰਥੀ ਹਮੇਸ਼ਾ ਹੀ ਅਕਾਦਮਿਕ ਖੇਤਰ ਵਿੱਚ ਸ਼ਾਨਦਾਰ ਨਤੀਜੇ ਪ੍ਰਾਪਤ ਕਰਕੇ ਸੰਸਥਾ ਦਾ ਨਾਮ ਰੌਸ਼ਨ ਕਰਦੇ ਆਏ ਹਨ। ਇਸ ਤੋਂ ਇਲਾਵਾ ਸ. ਚਰਨਜੀਤ ਸਿੰਘ ਸੇਖੋ ਵਾਈਸ ਪ੍ਰੈਜ਼ੀਡੈਂਟ, ਸ. ਗੁਰਜਾਪ ਸਿੰਘ ਸੇਖੋ ਜਨਰਲ ਸਕੈਟਰੀ, ਡਾ. ਗੁਰਇੰਦਰ ਮੋਹਨ ਸਿੰਘ ਜੀ ਖਜਾਨਚੀ, ਸ. ਦੀਪਇੰਦਰ ਸਿੰਘ ਸੇਖੋ, ਸ. ਸੁਰਿੰਦਰ ਸਿੰਘ ਰੋਮਾਣਾ, ਸ. ਕੁਲਜੀਤ ਸਿੰਘ ਮੰਗੀਆ ਅਤੇ ਸ. ਨਰਿੰਦਰ ਪਾਲ ਸਿੰਘ ਐਕਜੀਕਿਊਟਵ ਮੈਂਬਰਜ਼ ਨੇ ਹਾਰਦਿਕ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਬਾਬਾ ਫਰੀਦ ਜੀ ਦੀ ਅਪਾਰ ਰਹਿਮਤ,ਸਮੂਹ ਸਟਾਫ ਅਤੇ ਵਿਦਿਆਰਥੀਆਂ ਦੀ ਅਣਥੱਕ ਮਿਹਨਤ, ਲਗਨ ਅਤੇ ਜਜ਼ਬੇ ਨਾਲ ਹੀ ਇਹ ਨਤੀਜੇ ਸ਼ਾਨਦਾਰ ਆਏ ਹਨ। ਇਨ੍ਹਾਂ ਪ੍ਰਾਪਤੀਆਂ ਲਈ ਹੀ ਸਮੁੱਚੀ ਮੈਨੇਜਮੈਂਟ ਕਮੇਟੀ ਦੁਆਰਾ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਅਦਾਰੇ ਵਿਖੇ ਮਿਤੀ 14 ਮਈ ਨੂੰ ਛੁੱਟੀ ਦਾ ਐਲਾਨ ਕੀਤਾ ਗਿਆ।

## ਜੰਗ ਨਾਲੋਂ ਜੰਗ-ਬੰਦੀ ਬਿਹਤਰ : ਨਫ਼ਾ ਨੁਕਸਾਨ ਨਹੀਂ ਵੇਖੀਦਾ

ਵਰਲਡ ਪੰਜਾਬੀ ਟਾਈਮਜ਼ ਉਜਾਗਰ ਸਿੰਘ

ਜੰਗ ਸ਼ਬਦ ਹੀ ਖ਼ਤਰਨਾਕ ਹੁੰਦਾ ਹੈ। ਜੰਗ ਦਾ ਤਬਾਹਕੁਨ ਹੋਣਾ ਕੁਦਰਤੀ ਹੈ। ਜੰਗ ਤਬਾਹੀ ਦਾ ਪ੍ਰਤੀਕ ਹੁੰਦਾ ਹੈ। ਜੰਗ ਦੇ ਨਤੀਜੇ ਕਦੀਂ ਵੀ ਸਾਕਾਰਾਤਮਕ ਨਹੀਂ ਹੋ ਸਕਦੇ। ਜੰਗ ਦੇ ਨਤੀਜੇ ਹਮੇਸ਼ਾ ਦਿਲ ਨੂੰ ਦੁਖਾਉਣ, ਦਹਿਲਾਉਣ ਵਾਲੇ ਤੇ ਹਿਰਦੇਵੇਦਿਕ ਹੁੰਦੇ ਹਨ। ਜੰਗ-ਬੰਦੀ ਸਾਕਾਰਾਤਮਕ ਸੋਚ ਦਾ ਪ੍ਰਗਟਾਵਾ ਹੁੰਦੀ ਹੈ। ਜੰਗ-ਬੰਦੀ ਵਿੱਚ ਨਫ਼ਾ ਨੁਕਸਾਨ ਨਹੀਂ ਵੇਖਿਆ ਜਾਣਾ ਚਾਹੀਦਾ। ਜੰਗ ਮਾਨਵਤਾ ਦਾ ਘਾਣ ਕਰਦੀ ਹੈ, ਪ੍ਰੰਤੂ ਜੰਗ-ਬੰਦੀ ਮਾਨਵਤਾ ਦੇ ਭਲੇ ਵਿੱਚ ਹੁੰਦੀ ਹੈ ਤੇ ਮਾਨਵਤਾ ਦਾ ਬਚਾਓ ਕਰਦੀ ਹੈ। ਸ਼ਾਂਤੀ ਦਾ ਪ੍ਰਤੀਕ ਹੁੰਦੀ ਹੈ। ਸੁਹਾਵਣਾ ਜੀਵਨ ਜਿਓਣ ਲਈ ਸਾਂਤਮਈ ਵਾਤਾਵਰਨ ਜ਼ਰੂਰੀ ਹੁੰਦਾ ਹੈ। ਦੇਸ਼ ਦਾ ਆਰਥਿਕ, ਸਮਾਜਿਕ, ਸਭਿਅਚਾਰਕ, ਵਿਗਿਆਨਕ, ਸਰੀਰਕ ਤੇ ਮਾਨਸਿਕ ਵਿਕਾਸ ਸ਼ਾਂਤੀ ਦੇ ਸਮੇਂ ਹੀ ਹੋ ਸਕਦਾ ਹੈ। ਇਸ ਲਈ ਕਿਸੇ ਵੀ ਦੇਸ਼ ਦੇ ਵਿਕਾਸ ਲਈ ਸ਼ਾਂਤੀ ਹੋਣੀ ਜ਼ਰੂਰੀ ਹੁੰਦੀ ਹੈ। ਭਾਰਤ ਤੇ ਪਾਕਿਸਤਾਨ ਦਰਮਿਆਨ ਹੋਈ ਜੰਗ-ਬੰਦੀ ਦਾ ਦੋਹਾਂ ਦੇਸ਼ਾਂ ਦੇ ਅਮਨਪਸੰਦ ਲੋਕਾਂ ਨੇ ਸਵਾਗਤ ਕੀਤਾ ਹੈ। ਜੰਗ-ਬੰਦੀ ਦਾ ਐਲਾਨ ਹੋਣ 'ਤੇ ਲੋਕਾਂ ਨੇ ਸੁੱਖ ਦਾ ਸਾਹ ਲਿਆ ਹੈ। ਲੋਕਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ। 22 ਅਪ੍ਰੈਲ 2025 ਨੂੰ ਜੰਮੂ ਕਸ਼ਮੀਰ ਦੇ ਪਹਿਲਗਾਮ ਵਿਖੇ ਹੋਏ ਅਤਵਾਦੀ ਹਮਲੇ ਵਿੱਚ 26 ਸੈਰ ਸਪਾਟਾ ਕਰਨ ਗਏ ਬੇਕਸੂਰ ਮਾਸੂਮ ਲੋਕ ਮਾਰੇ ਗਏ ਸਨ। ਉਸ ਸਮੇਂ ਭਾਰਤ ਵਿੱਚ ਪਾਕਿਸਤਾਨ ਵਿਰੁੱਧ ਰੋਸ ਦੀ ਲਹਿਰ ਉਠ ਖੜ੍ਹੀ ਹੋਈ ਸੀ। ਭਾਰਤ ਦੇ ਲੋਕ ਸਰਕਾਰ ਤੋਂ ਪਾਕਿਸਤਾਨ ਤੋਂ ਬਦਲਾ ਲੈਣ ਲਈ ਕੋਈ ਸਾਰਥਿਕ ਕਾਰਵਾਈ ਉਮੀਦ ਰੱਖਦੇ ਸਨ। ਭਾਰਤ ਨੇ ਪੂਰੀ ਤਿਆਰੀ ਤੋਂ ਬਾਅਦ 6-7 ਮਈ ਦੀ ਰਾਤ ਨੂੰ ਪਾਕਿਸਤਾਨ ਵਿੱਚ ਸਥਿਤ ਅਤਵਾਦੀਆਂ ਦੇ 9 ਸਿਖਲਈ ਟਿਕਾਣਿਆਂ 'ਤੇ 'ਅਪ੍ਰੇਸ਼ਨ ਸਿੰਧੂਰ' ਰਾਹੀਂ ਹਮਲਾ ਕਰਕੇ ਸਿਖਲਾਈ ਸੈਂਟਰ ਤਬਾਹ ਕਰ ਦਿੱਤੇ। ਫਿਰ ਪਾਕਿਸਤਾਨ ਦੇ 6 ਏਅਰ ਬੇਸ ਵੀ ਤਬਾਹ ਕਰ ਦਿੱਤੇ। ਪਾਕਿਸਤਾਨ ਨੇ ਵੀ ਭਾਰਤ 'ਤੇ ਡਰੋਨਾ ਨਾਲ ਹਮਲੇ ਕੀਤੇ। ਇੱਕ ਕਿਸਮ ਨਾਲ ਦੋਹਾਂ ਦੇਸ਼ਾਂ ਦਰਮਿਆਨ ਲੜਾਈ ਸ਼ੁਰੂ ਹੋ ਗਈ। ਐਲ ਓ ਸੀ 'ਤੇ ਵੀ ਗੋਲਾਬਾਰੀ ਹੁੰਦੀ ਰਹੀ। ਪੁਣਛ ਵਿੱਚ ਪਾਕਿਸਤਾਨ ਨੇ ਭਾਰਤ ਦਾ ਨੁਕਸਾਨ ਕੀਤਾ। ਇੱਕ ਕਿਸਮ ਨਾਲ ਦਹਿਸ਼ਤ ਦਾ ਮਾਹੌਲ ਬਣ ਗਿਆ। 'ਅਪ੍ਰੇਸ਼ਨ ਸਿੰਧੂਰ' ਕਰਨਾ ਬਿਲਕੁਲ ਜ਼ਾਇਜ ਸੀ ਪ੍ਰੰਤੂ ਇਸ ਨਾਲ ਬਦਲਾ ਤਾਂ ਲੈ ਲਿਆ ਪ੍ਰੰਤੂ ਜੇਕਰ ਜੰਗ ਜ਼ਾਰੀ ਰਹਿੰਦੀ ਤਾਂ ਬਹੁਤ ਸਾਰੀਆਂ ਇਸਤਰੀਆਂ ਦੇ ਸਿੰਧੂਰ ਲਹਿ ਜਾਣੇ ਸਨ। 10 ਮਈ ਨੂੰ ਸ਼ਾਮ 5-00 ਵਜੇ ਅਮਰੀਕਾ ਦੀ ਵਿਚੋਲਗੀ ਨਾਲ ਜੰਗ-ਬੰਦੀ ਦਾ ਦੋਹਾਂ ਦੇਸ਼ਾਂ ਨੇ ਐਲਾਨ ਕਰ ਦਿੱਤਾ, ਇਸ ਤੋਂ ਬਾਅਦ ਸ਼ੋਸ਼ਲ ਮੀਡੀਆ 'ਤੇ ਦੋਹਾਂ ਦੇਸ਼ਾਂ ਵੱਲੋਂ ਆਪੋ ਆਪਣੀ ਜਿੱਤ ਦੇ ਦਾਅਵੇ ਹੋਣ ਲੱਗ ਪਏ। ਭਾਰਤ ਵਿੱਚ ਕੁਝ ਲੋਕਾਂ ਨੇ ਜੰਗ-ਬੰਦੀ ਦਾ ਸਵਾਗਤ ਕੀਤਾ, ਪ੍ਰੰਤੂ ਕੁਝ ਲੋਕਾਂ ਨੇ ਭਾਰਤ ਵੱਲੋਂ ਅਮਰੀਕਾ ਦੀ ਵਿਚੋਲਗੀ 'ਤੇ ਸਵਾਲ ਚੁੱਕਦਿਆਂ ਇਸਨੂੰ ਭਾਰਤ ਦੇ ਹਿੱਤ ਵਿਰੁੱਧ ਕਿਹਾ, ਸਗੋਂ ਇਸਨੂੰ ਭਾਰਤ ਦੀ ਹਾਰ ਦੇ ਰੂਪ ਵਿੱਚ ਪ੍ਰਚਾਰਿਆ ਗਿਆ। ਜੋ ਸਰਾਸਰ ਗ਼ਲਤ ਹੈ, ਡੀਫੈਸ ਪੜਚੋਲਕਾਰਾਂ ਅਨੁਸਾਰ ਜੰਗ-ਬੰਦੀ ਨੂੰ ਜਿੱਤ-ਹਾਰ ਤੇ ਨਫ਼ਾ-ਨੁਕਸਾਨ ਦੇ ਤੌਰ 'ਤੇ ਨਹੀਂ ਵੇਖਣਾ ਚਾਹੀਦਾ। ਜੰਗ-ਬੰਦੀ ਦੇਸ਼ ਦੀ ਆਰਥਿਕਤਾ ਲਈ ਲਾਹੇਬੰਦ ਹੁੰਦੀ ਹੈ। ਲੋਕ ਆਪਣਾ ਰੋਜ ਮਰ੍ਹਾ ਦਾ ਕਾਰੋਬਾਰ ਕਰਕੇ ਆਪਣੇ ਪਰਿਵਾਰਾਂ ਦਾ ਗੁਜ਼ਾਰਾ ਕਰਨ ਦੇ ਸਮਰੱਥ ਹੁੰਦੇ ਹਨ। ਜੰਗ ਦੌਰਾਨ ਜਨ-ਜੀਵਨ ਵਿੱਚ ਖੜ੍ਹੋਤ ਆ ਜਾਂਦੀ ਹੈ। ਕਰਫਿਊ ਤੇ ਬਲੈਕ ਆਊਟ ਕਾਰੋਬਾਰ ਬੰਦ ਕਰ ਦਿੰਦੀ ਹੈ। ਜਾਨ-ਮਾਲ ਦਾ ਵੱਖਰਾ ਨੁਕਸਾਨ ਹੁੰਦਾ ਹੈ। ਮਨੁੱਖੀ ਜੀਵਨ ਦਾ ਬਚਾਓ ਸਭ ਤੋਂ ਵੱਡੀ ਪ੍ਰਾਪਤੀ ਹੁੰਦਾ ਹੈ। ਲੋਕਾਂ ਦਾ ਸੁੱਖ-ਚੈਨ ਖ਼ਤਮ ਹੋ ਜਾਂਦਾ ਹੈ। ਜੰਗ-ਬੰਦੀ ਦੇਸ਼ ਅਤੇ ਲੋਕਾਂ ਦੇ ਹਿੱਤ ਵਿੱਚ ਹੁੰਦੀ ਹੈ। ਸਰਕਾਰਾਂ ਦਾ ਮੰਤਵ ਵੀ ਲੋਕ ਹਿੱਤਾਂ 'ਤੇ ਪਹਿਰਾ ਦੇਣਾ ਹੁੰਦਾ ਹੈ। ਭਾਰਤ ਲਈ ਜੰਗ-ਬੰਦੀ ਇਸ ਕਰਕੇ ਵੀ ਜ਼ਰੂਰੀ ਹੈ ਕਿ ਉਸ ਦੇ ਲਗਪਗ ਸਾਰੇ ਗੁਆਂਢੀ ਦੇਸ਼ਾਂ ਦੇ ਭਾਰਤ ਨਾਲ ਸੰਬੰਧ ਸਾਜਗਾਰ ਨਹੀਂ ਹਨ।

ਚੀਨ ਹਮੇਸ਼ਾ ਭਾਰਤ ਲਈ ਖ਼ਤਰਾ ਬਣਿਆਂ ਰਹਿੰਦਾ ਭਾਰਤ ਖਾਸ ਤੌਰ 'ਤੇ ਪੰਜਾਬ ਨੇ 1947 ਵਿੱਚ ਦੇਸ ਦੀ ਵੰਡ, 1965 ਚੀਨ ਨਾਲ ਜੰਗ, 1971 ਪਾਕਿਸਤਾਨ ਨਾਲ ਲੜਾਈ, ਕਾਰਗਿੱਲ, ਪੁਲਵਾਮਾ ਤੇ ਹੁਣ ਪਹਿਲਗਾਮ ਦੇ ਭਿਆਨਕ ਨਤੀਜਿਆਂ ਦਾ ਸੰਤਾਪ ਭੋਗਿਆ ਹੈ। ਹਜ਼ਾਰਾਂ ਫ਼ੌਜੀਆਂ ਅਤੇ ਸਿਵਲੀਅਨ ਦਾ ਖ਼ੂਨ ਡੁਲ੍ਹਿਆ, ਇਸਤਰੀਆਂ ਵਿਧਵਾ ਹੋਈਆਂ, ਮਾਵਾਂ ਦੇ ਪੁੱਤ ਸ਼ਹੀਦ ਹੋਏ, ਭੈਣਾਂ ਭਰਾਵਾਂ ਦੇ ਰੱਖੜੀਆਂ ਬੰਨ੍ਹਣ ਤੋਂ ਰਹਿ ਗਈਆਂ ਤੇ ਬੱਚੇ ਮਾਤਾ ਪਿਤਾ ਤੋਂ ਵਾਂਝੇ ਹੋ ਗਏ। 1971 ਦੀ ਜੰਗ ਵਿੱਚ ਪਾਕਿਸਤਾਨਦਾ ਨੁਕਸਾਨ ਬਹੁਤ ਹੀ ਜ਼ਿਆਦ ਹੋਇਆ। ਪਾਕਿਸਤਾਨ ਦੋ ਹਿੱਸਿਆਂ ਵਿੱਚ ਵੰਡਿਆ ਗਿਆ। ਬੰਗਲਾ ਦੇਸ ਪਾਕਿਸਤਾਨ ਨਾਲੋਂ ਵੱਖ ਹੋ ਗਿਆ। ਪਾਕਿਸਤਾਨ ਨੂੰ ਹਾਰ ਦਾ ਮੂੰਹ ਵੇਖਣਾ ਪਿਆ। ਉਸਦੇ 93000 ਫ਼ੌਜੀਆਂ ਨੇ ਜਨਰਲ ਜਗਜੀਤ ਸਿੰਘ ਅਰੋੜਾ ਅੱਗੇ ਹਥਿਆਰ ਸੁੱਟ ਦਿੱਤੇ। ਪਾਕਿਸਤਾਨ ਇਤਨੀ ਬੁਰੀ ਤਰ੍ਹਾਂ ਹਾਰ ਤੇ ਨੁਕਸਾਨ ਕਰਵਾਉਣ ਤੋਂ ਬਾਅਦ ਵੀ ਸੁਧਰਨ ਦਾ ਨਾਮ ਨਹੀਂ ਲੈ ਰਿਹਾ। ਮਨੁੱਖਤਾ ਦਾ ਖ਼ੂਨ ਡੁਲ੍ਹਦਾ ਹੈ। ਅਸਲ ਵਿੱਚ ਪਾਕਿਸਤਾਨ ਵਿੱਚ ਲੋਕਾਂ ਦੀ ਸਰਕਾਰ 'ਤੇ ਫ਼ੌਜ ਭਾਰੂ ਹੈ। ਉਥੇ ਫ਼ੌਜ ਦੀ ਹੀ ਪੁਗਦੀ ਹੈ। ਫ਼ੌਜ ਅਜਿਹੇ ਪੰਗੇ ਛੇੜੀ ਰੱਖਦੀ ਹੈ ਤਾਂ ਜੋ ਸਰਕਾਰ ਨੂੰ ਆਪਣੇ ਥੱਲੇ ਲਾ ਕੇ ਰੱਖ ਸਕੇ। ਜੰਗ ਕੋਈ ਖੇਡ ਨਹੀਂ ਹੁੰਦੀ। ਅੱਤਵਾਦੀਆਂ ਨੂੰ ਵੀ ਪਤਾ ਹੁੰਦਾ ਹੈ ਕਿ ਉਨ੍ਹਾਂ ਦੀ ਉਮਰ ਬਹੁਤੀ ਲੰਬੀ ਨਹੀਂ ਹੁੰਦੀ ਪ੍ਰੰਤੂ ਪਾਕਿਸਤਾਨ ਸਰਕਾਰ ਦੀ ਪੁਸਸ਼ ਪਨਾਹੀ ਹੋਣ ਕਰਕੇ ਗੁਮਰਾਹ ਹੋ ਕੇ ਫਿਰ ਵੀ ਉਹ ਅਜਿਹੇ ਕੰਮ ਕਰਦੇ ਰਹਿੰਦੇ ਹਨ। ਇਸ ਤੋਂ ਇਲਾਵਾ ਪੰਜਾਬ ਨੇ 1980ਵਿਆਂ ਵਿੱਚ ਪਾਕਿਸਤਾਨ ਦੀ ਸ਼ਹਿ 'ਤੇ ਕਥਿਤ ਅਤਵਾਦੀਆਂ ਤੇ ਸਰਕਾਰਾਂ ਦੀਆਂ ਜ਼ਿਆਦਤੀਆਂ ਦਾ ਸੰਤਾਪ ਭੋਗਿਆ। ਪੰਜਾਬ ਦੀ ਨੌਜਵਾਨੀ ਦਾ ਘਾਣ ਹੋਇਆ। ਇਸੇ ਤਰ੍ਹਾਂ 1984 ਵਿੱਚ ਦਿੱਲੀ ਅਤੇ ਦੇਸ ਦੇ ਹੋਰ ਹਿੱਸਿਆਂ ਵਿੱਚ ਸਿੱਖ ਨਸਲਕੁਸ਼ੀ ਹੋਈ, ਜਿਸ ਦਾ ਦੁੱਖ ਅੱਜ ਤੱਕ ਪੰਜਾਬੀਆਂ/ਸਿੱਖਾਂ ਦੇ ਅੱਲੇ ਜ਼ਖਮਾਂ ਵਿੱਚੋਂ ਰਿਸ ਰਿਹਾ ਹੈ। ਇਨ੍ਹਾਂ ਜੰਗਾਂ ਅਤੇ ਦੁਰਘਟਨਾਵਾਂ ਦਾ ਸਭ ਤੋਂ ਵੱਧ ਨੁਕਸਾਨ ਲਹਿੰਦੇ ਤੇ ਚੜ੍ਹਦੇ ਪੰਜਾਬ ਦੇ ਲੋਕਾਂ ਨੂੰ ਹੋਇਆ ਹੈ, ਜਿਨ੍ਹਾਂ ਨੇ ਆਪਣੇ ਪਿੰਡੇ ਤੇ ਸਾਰਾ ਕੁਝ ਹੰਢਾਇਆ ਹੈ। ਇਨ੍ਹਾਂ ਪੰਜਾਬੀਆਂ ਨੂੰ ਪੁੱਛੋ ਜੰਗ ਦਾ ਕੀ ਨੁਕਸਾਨ ਹੁੰਦਾ ਹੈ? ਪੰਜਾਬੀ ਜੰਗ-ਬੰਦੀ ਦਾ ਸਵਾਗਤ ਕਰਦੇ ਹਨ। ਉਹ ਦੋਵੇਂ ਦੇਸਾਂ ਦੇ ਸਿਆਸਤਦਾਨਾ ਨੂੰ ਪੰਜਾਬੀਆਂ ਦੇ ਦੁੱਖ ਨੂੰ ਮਹਿਸੂਸ ਕਰਦਿਆਂ ਕੂਟਨੀਤਕ ਸੰਬੰਧਾਂ ਨਾਲ ਸਾਰੇ ਮਸਲੇ ਹੱਲ ਕਰਨ। ਕਿਸੇ ਵੀ ਦੇਸ਼ ਦੇ ਲੋਕਾਂ ਦਾ ਖ਼ੂਨ ਅਜਾਈਂ ਨਹੀਂ ਡੁਲ੍ਹਣਾ ਚਾਹੀਦਾ। ਪਾਕਿਸਤਾਨ ਦੀ ਆਰਥਿਕ ਹਾਲਤ ਡਾਵਾਂਡੋਲ ਹੈ, ਪ੍ਰੰਤੂ ਭਾਰਤ ਦੀ ਵੀ ਬਹੁਤੀ ਚੰਗੀ ਨਹੀਂ ਉਹ ਵੀ ਕਰਜ਼ਈ ਹੋਇਆ ਪਿਆ ਹੈ। ਸੰਸਾਰ ਦੇ ਵੱਡੇ ਦੇਸ਼ ਆਪੋ ਆਪਣੇ ਹਥਿਆਰ ਵੇਚਣ ਲਈ ਦੋਹਾਂ ਦੇਸਾਂ ਦੀ ਆਰਥਿਕਤਾ ਨੂੰ ਢਾਅ ਲਾ ਰਹੇ ਹਨ। ਰੂਸ ਜਿਸਨੂੰ ਭਾਰਤ ਆਪਣਾ ਹਮਦਰਦ ਕਹਿੰਦਾ ਹੈ, ਉਹ ਪਾਕਿਸਤਾਨ ਨੂੰ ਵੀ ਹਥਿਆਰ ਵੇਚਦਾ ਹੈ। ਹੀਰੋਸੀਮਾ ਤੇ ਨਾਗਾ ਸਾਕੀ ਦੇ ਪ੍ਰਮਾਣੂ ਹਮਲੇ ਦਾ ਭੂਤ ਅਜੇ ਤੱਕ ਮੰਡਰਾ ਰਿਹਾ ਹੈ, ਡੀਫੈਂਸ ਪੜਚੋਲਕਾਰਾਂ ਦੀ ਰਾਏ ਹੈ ਕਿ ਅਮਰੀਕਾ ਭਾਂਪ ਗਿਆ ਸੀ ਕਿ ਜੇਕਰ ਕਿਸੇ ਇੱਕ ਦੇਸ ਨੇ ਅਣਗਹਿਲੀ ਵਰਤ ਲਈ ਤਾਂ ਸੰਸਾਰ ਜੰਗ ਲੱਗ ਸਕਦੀ ਹੈ, ਸੰਸਾਰ ਆਰਥਿਕ ਮੰਦਹਾਲੀ ਵਿੱਚ ਤਾਂ ਪਹੁੰਚੇਗਾ ਹੀ ਪ੍ਰੰਤੂ ਪ੍ਰਮਾਣੂੰ ਖ਼ਤਰਾ ਸਭ ਤੋਂ ਵੱਧ ਨੁਕਸਾਨਦਾਇਕ ਹੋ ਸਕਦਾ ਹੈ, ਕਿਉਂਕਿ ਭਾਰਤ ਤੇ ਪਾਕਿਸਤਾਨ ਦੋਹਾਂ ਦੇਸਾਂ ਕੋਲ ਪ੍ਰਮਾਣੂ ਸ਼ਕਤੀ ਹੈ। ਰੂਸ ਅਤੇ ਯੂਕਰੇਨ ਦੀ ਲੜਾਈ ਖ਼ਤਮ ਹੋਣ ਵਿੱਚ ਨਹੀਂ ਆ ਰਹੀ। ਇਹ ਅਹੰਕਾਰ ਦੀ ਲੜਾਈ ਨਹੀਂ ਸਗੋਂ ਸ਼ਾਂਤੀ ਦਾ ਮਸਲਾ ਹੈ। ਜਿਹੜੇ ਲੋਕ ਸ਼ੋਸ਼ਲ ਮੀਡੀਆ 'ਤੇ ਬੈਠਕੇ ਡੀਂਗਾਂ ਮਾਰ ਰਹੇ ਹਨ ਤੇ ਲੜਾਈ ਜਾਰੀ ਰੱਖਣ ਲਈ ਉਕਸਾ ਰਹੇ ਹਨ, ਉਨ੍ਹਾਂ ਨੂੰ ਜੰਗ ਦੇ ਸੰਤਾਪ ਬਾਰੇ ਤਜਰਬਾ ਨਹੀਂ। ਸਰਹੱਦਾਂ 'ਤੇ ਜਦੋਂ ਸਾਡੇ ਸੈਨਿਕ ਸ਼ਹੀਦ ਹੁੰਦੇ ਹਨ ਤਾਂ ਕਿਤਨੇ ਘਰਾਂ ਵਿੱਚ ਮਾਤਮ ਦੀਆਂ ਸਫਾਂ ਵਿਛ ਜਾਂਦੀਆਂ ਹਨ। ਸ਼ੋਸ਼ਲ ਮੀਡੀਆ ਤੇ ਪੋਸਟਾਂ ਪਾ ਕੇ ਦਮਗਜ਼ੇ ਮਾਰਨੇ ਸੌਖੇ ਹਨ, ਪ੍ਰੰਤੂ ਸਰਹੱਦਾਂ ਤੇ ਜਾ ਕੇ ਲੜਨਾ ਅਤਿ ਮੁਸ਼ਕਲ ਹੁੰਦਾ ਹੈ। ਫ਼ੌਜੀ ਭਰਾ ਕੜਾਕੇ ਦੀ ਠੰਡ ਵਿੱਚ ਲੜਦੇ ਹਨ। ਪੀਣ ਲਈ ਪਾਣੀ ਨਹੀਂ ਮਿਲਦਾ, ਬਰਫ ਨੂੰ ਪਿਘਲਾ ਕੇ ਪਾਣੀ ਪੀਂਦੇ ਹਨ। ਅਸੀਂ ਘਰਾਂ ਵਿੱਚ ਬੈਠੇ ਗੱਲਾਂ ਕਰਨ ਜੋਗੇ ਹਾਂ। ਇਸਤੋਂ ਇਲਾਵਾ ਜਿਹੜੇ ਸਰਹੱਦੀ ਪਿੰਡਾਂ ਦੇ ਲੋਕ ਕਿਸਾਨ ਰਹਿੰਦੇ ਹਨ, ਉਨ੍ਹਾਂ ਨੂੰ ਪੁੱਛੋ ਕਿਵੇਂ ਉਨ੍ਹਾਂ ਦੇ ਸਿਰਾਂ 'ਤੇ ਮੌਤ ਦਾ ਸਾਇਆ ਲਟਕਦਾ ਰਹਿੰਦਾ ਹੈ। ਉਹ ਹਮੇਸ਼ਾ ਤਲਵਾਰ ਦੀ ਨੋਕ 'ਤੇ ਜ਼ਿੰਦਗੀ ਬਸਰ ਕਰ ਰਹੇ ਹਨ। ਹਰ ਵਕਤ ਮੌਤ ਦਾ ਡਰ ਹੁੰਦਾ ਹੈ। ਬਿਲਕੁਲ ਇਸੇ ਤਰ੍ਹਾਂ ਟੀ ਵੀ ਅਤੇ ਵੈਬ ਚੈਨਲਾਂ ਵਾਲਿਆਂ ਨੂੰ ਵੀ ਕੜਕ-ਕੜਕ ਕੇ ਲੋਕਾਂ ਨੂੰ ਉਕਸਾਉਣਾ ਨਹੀਂ ਚਾਹੀਦਾ। ਗ਼ਲਤ ਤੇ ਗੁੰਮਰਾਹਕੁਨ ਬਿਨਾ ਕਨਫਰਮ ਕੀਤੇ ਖ਼ਬਰਾਂ ਵੀ ਨਹੀਂ ਲਗਾਉਣੀਆਂ ਚਾਹੀਦੀਆਂ। ਅਖ਼ਬਾਰਾਂ ਦੇ ਪ੍ਰਤੀਨਿਧਾਂ ਨੂੰ ਵੀ ਖ਼ਬਰਾਂ ਭੇਜਣ ਲੱਗੇ ਸੁਣੀਆਂ ਸੁਣਾਈਆਂ ਖ਼ਬਰਾਂ ਨਹੀਂ ਲਗਾਉਣੀਆਂ ਚਾਹੀਦੀਆਂ। ਕੁਝ ਦੇਸ ਵਿਰੋਧੀ ਲੋਕ ਅਫ਼ਵਾਹਾਂ ਫੈਲਾਉਂਦੇ ਰਹਿੰਦੇ ਹਨ, ਜਿਹੜੀਆਂ ਲੋਕਾਂ ਵਿੱਚ ਡਰ ਪੈਦਾ ਕਰਦੀਆਂ ਹਨ। ਇਸ ਲਈ ਸਾਰਿਆਂ ਨੂੰ ਸੰਜੀਦਗੀ ਤੋਂ ਕੰਮ ਲੈਣਾ ਚਾਹੀਦਾ ਹੈ। ਪਹਿਲਗਾਮ ਵਿਖੇ ਮਾਰੇ ਗਏ ਸੈਲਾਨੀਆਂ ਦਾ ਦੁੱਖ ਹਰ ਭਾਰਤੀ ਨੂੰ ਹੈ, ਪ੍ਰੰਤੂ ਸਮੇਂ ਦੀ ਨਜ਼ਾਕਤ ਅਤੇ ਦੇਸ ਦੀ ਸਰਕਾਰ ਦੀਆਂ ਹਦਾਇਤਾਂ ਦੀ ਪਹਿਰੇਦਾਰੀ ਕਰਨਾ ਹਰ ਭਾਰਤੀ ਦਾ ਫ਼ਰਜ਼ ਬਣਦਾ ਹੈ।

## ਮਾਂ ਦੀ ਫੁੱਲਵਾੜੀ

ਮਾਂ ਦੀ ਫੁੱਲਵਾੜੀ
ਖਿਲੀ ਰਹੇ ਸਦਾ
ਸੋਹਣੀ ਲੱਗਦੀ ਆ।

ਨਜ਼ਰ ਕਿਤੇ ਨਾ ਲੱਗ ਜਾਵੇ
ਇਹ ਸੋਹਣੀ ਫੱਬਦੀ ਆ।

ਦਾਤ ਦਿੱਤੇ ਪੁੱਤ ਧੀ
ਰੱਬ ਬਥੇਰਾ ਦਿੱਤਾ ਆ।

ਵਿੱਚ ਪ੍ਰਦੇਸੀ ਕਰਨ
ਕਮਾਈਆਂ
ਰੱਬ ਨੇ ਰੰਗ ਲਾ ਰੱਖਿਆ ਆ।

ਖਿੜਿਆ ਵਿਹੜਾ......
ਮਾਂ ਦੀ ਖਿਲੀ ਫੁੱਲਵਾੜੀ ਆ
ਮਾਂ ਮੇਰੀ ਹੀ ਨਹੀਂ

ਸਭ ਦੀ ਪਿਆਰੀ ਆ......
ਨਜਰਾਂ ਨਾਂ ਲੱਗਣ
ਇਹ ਪਰਿਵਾਰ ਕਿਆਰੀ ਆ.....

ਮਾਂ ਤਾਂ ਚੀਜ਼ ਗਰੇਵਾਲ
ਰੱਬ ਤੋਂ ਵੀ ਪਿਆਰੀ ਆ..

ਮਾਂ ਦੀ ਫੁੱਲਵਾੜੀ
ਖਿਲੀ ਰਹੇ ਸਦਾ
ਸੋਹਣੀ ਲੱਗਦੀ ਆ।



ਵਰਲਡ ਪੰਜਾਬੀ ਟਾਈਮਜ਼ ਡਾ ਜਸਵੀਰ ਸਿੰਘ ਗਰੇਵਾਲ

## ਪੰਜਆਬ ਮੈਗਜੀਨ ਦੇ ਮੁੱਖ ਸੰਪਾਦਕ ਮਨਜੀਤ ਸਿੰਘ ਭੋਗਲ ਜਰਮਨੀ ਜੀ ਨਾਲ ਮੁਲਾਕਾਤ-ਰਸ਼ਪਿੰਦਰ ਕੌਰ ਗਿੱਲ

ਵਰਲਡ ਪੰਜਾਬੀ ਟਾਈਮਜ਼ ਰਸ਼ਪਿੰਦਰ ਕੌਰ ਗਿੱਲ



ਅੰਮ੍ਰਿਤਸਰ 14 ਮਈ : ਮਨਜੀਤ ਸਿੰਘ ਭੋਗਲ ਜਰਮਨੀ ਜੀ ਨਾਲ ਸ਼੍ਰੀ ਅੰਮ੍ਰਿਤਸਰ ਵਿਖੇ ਮੁਲਾਕਾਤ ਹੋਈ। ਮਨਜੀਤ ਸਿੰਘ ਭੋਗਲ ਜਰਮਨੀ ਜੀ ਪੰਜਆਬ ਮੈਗਜ਼ੀਨ ਦੇ ਮੁੱਖ ਸੰਪਾਦਕ ਹਨ। ਪੰਜਆਬ ਮੈਗਜ਼ੀਨ ਪੂਰੀ ਤਰਾਂ ਨਾਲ ਪੰਥ ਅਤੇ ਪੰਜਾਬ ਨੂੰ ਸਮਰਪਿਤ ਹੈ। ਮਨਜੀਤ ਸਿੰਘ ਭੋਗਲ ਜਰਮਨੀ ਜੀ ਨੇ ਅੱਜ ਪ੍ਰੈੱਸ ਕਾਨਫਰੰਸ ਨੂੰ ਸੰਬੋਧਿਤ ਹੋ ਕੇ ਦੱਸਿਆ ਕਿ ਉਹ ਕਿਸ ਤਰਾਂ ਨਾਲ ਜਰਮਨੀ ਵਿੱਚ ਰਹਿੰਦੇ ਹੋਏ ਵੀ ਆਪਣੇ ਦੇਸ਼ ਪੰਜਾਬ ਲਈ ਸੰਜੀਦਾ ਹਨ। ਇਸ ਕਰਕੇ ਹੀ ਉਹ ਪੰਥ ਅਤੇ ਪੰਜਾਬ ਦੀ ਨਿਸ਼ਕਾਮ ਸੇਵਾ ਵਿੱਚ ਸਿੱਖ ਕੌਮ ਦੇ ਇਤਿਹਾਸ ਨਾਲ ਆਪਣੀ ਅਗਲੇਰੀ ਪੀੜੀ ਨੂੰ ਜੋੜਣ



ਲਈ ਪੰਜਆਬ ਮੈਗਜ਼ੀਨ, ਪੰਜਆਬ ਵੈੱਬਸਾਇਟ, ਪੰਜਆਬ ਈ ਪੇਪਰ ਸਮੁੱਚੇ ਪੰਜਾਬੀਆਂ ਨੂੰ ਸਮਰਪਿਤ ਕਰ ਰਹੇ ਹਨ। ਉੱਨਾਂ ਦੱਸਿਆ ਕਿ ਇਸ ਨਿਸ਼ਕਾਮ ਸੇਵਾ ਵਿੱਚ ਉੱਨਾਂ ਦਾ ਸਾਥ ਡਾ. ਸੁਰਜੀਤ ਸਿੰਘ ਜਰਮਨੀ ਬਤੌਰ ਸਹਿ ਸੰਪਾਦਕ ਨਿਭਾ ਰਹੇ ਹਨ। ਪੰਜਆਬ ਦੀ ਹੋਈ ਪ੍ਰੈਸ ਕਾਨਫਰੰਸ ਵਿੱਚ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਜਥੇਬੰਦੀ, ਭੁਪਿੰਦਰ ਸਿੰਘ 6 ਜੂਨ, ਰਣਜੀਤ ਸਿੰਘ ਫਤਿਹਨਾਮਾ, ਗਗਨਦੀਪ ਸਿੰਘ ਵੀ ਉਚੇਚੇ ਤੌਰ ਤੇ ਸ਼ਾਮਿਲ ਹੋਏ। ਪੀਂਘਾਂ ਸੋਚ ਦੀਆਂ ਸਾਹਿਤ ਮੰਚ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਜਥੇਬੰਦੀ ਵੱਲੋਂ ਸਾਂਝਾ ਇੱਕ ਯਾਦਗਿਰੀ ਚਿੰਨ੍ਹ ਰਸ਼ਪਿੰਦਰ ਕੌਰ ਗਿੱਲ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਜਥੇਬੰਦੀ ਦੀ ਸਮੁੱਚੀ ਟੀਮ ਵੱਲੋਂ ਭੇਂਟ ਕੀਤਾ ਗਿਆ। ਮਨਜੀਤ ਸਿੰਘ ਭੋਗਲ ਜਰਮਨੀ ਜੀ ਨੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਸ. ਇਮਾਨ ਸਿੰਘ ਮਾਨ ਜੀ ਨਾਲ ਵੀ ਮੁਲਾਕਾਤ ਕੀਤੀ ਅਤੇ ਕਾਫੀ ਸਮਾਂ ਉਨਾਂ ਨਾਲ ਪੰਜਾਬ ਦੀ ਸਿਆਸਤ ਅਤੇ ਮਜੂਦਾ ਹਾਲਾਤਾਂ ਉੱਪਰ ਬਹੁਤ ਸੰਜੀਦਗੀ ਨਾਲ ਚਰਚਾ ਕੀਤੀ। ਸ. ਇਮਾਨ ਸਿੰਘ ਮਾਨ ਜੀ ਨੇ ਮਨਜੀਤ ਸਿੰਘ ਭੋਗਲ ਜਰਮਨੀ ਜੀ ਵੱਲੋਂ ਕੀਤੀ ਜਾ ਰਹੀ ਪੰਜਆਬ ਮੈਗਜ਼ੀਨ ਦੀ ਨਿਸ਼ਕਾਮ ਸੇਵਾ ਦੀ ਬਹੁਤ ਸਰਾਹਣਾ ਕੀਤੀ। ਇਸ ਸਮੇਂ ਰਵੀ ਸ਼ੇਰ ਸਿੰਘ ਯੂਥ ਵਿੰਗ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਵੀ ਮੌਜੂਦ ਸਨ। ਮਨਜੀਤ ਸਿੰਘ ਭੋਗਲ ਜਰਮਨੀ ਜੀ ਨੂੰ ਅਤੇ ਉਨਾਂ ਦੇ ਪਰਿਵਾਰ ਨੂੰ ਮਿਲ ਕੇ ਬਹੁਤ ਖੁਸ਼ੀ ਹੋਈ। ਪੰਜਾਬ ਲਈ ਅਤੇ ਪੰਥ ਲਈ ਦਰਦ ਰੱਖਣ ਵਾਲੇ ਅਨੇਕਾਂ ਸਿੰਘ ਹਨ ਜੋ ਵਿਦੇਸ਼ਾਂ ਵਿੱਚ ਆਪਣੀ ਨੇਕ ਕਮਾਈ ਵਿੱਚੋਂ ਦਸਵੰਧ ਕੱਢ ਕੇ ਪੰਜਾਬ ਅਤੇ ਪੰਥ ਦੀ ਸੇਵਾ ਕਰ ਰਹੇ ਹਨ। ਮਨਜੀਤ ਸਿੰਘ ਭੋਗਲ ਜਰਮਨੀ ਜੀ ਉੱਨਾਂ ਮਹਾਨ ਸ਼ਖ਼ਸੀਅਤਾਂ ਵਿੱਚੋਂ ਇੱਕ ਹਨ।

## ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਮੁਲਾਜ਼ਮਾਂ ਦੇ ਲਈ ਏ ਸੀ ਪੀ ਸਕੀਮ ਸਬੰਧੀ ਪੇਸ਼ ਕੀਤੀ ਗਈ ਰਿਪੋਰਟ ਤੁਰੰਤ ਜਨਤਕ ਕਰੇ ਪੰਜਾਬ ਸਰਕਾਰ : ਆਗੂ

ਵਰਲਡ ਪੰਜਾਬੀ ਟਾਈਮਜ਼

ਕੋਟਕਪੂਰਾ,14 ਮਈ : ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ ਅਤੇ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਦੱਸਿਆ ਹੈ ਕਿ ਪੰਜਾਬ ਦੇ ਵੱਖ-ਵੱਖ ਵਿਭਾਗਾਂ ਵਿੱਚ ਕੰਮ ਕਰਦੇ ਲੱਖਾਂ ਮੁਲਾਜ਼ਮਾਂ ਦੀਆਂ ਸੇਵਾਵਾਂ ਦੀ ਖੜੋਤ ਨੂੰ ਦੂਰ ਕਰਨ ਵਾਸਤੇ 8-16-24-32 ਸਾਲਾਂ ਦੀ ਸੇਵਾ ਬਾਅਦ ਅਤੇ ਫਿਰ 4-9-14 ਸਾਲਾਂ ਦੀ ਸੇਵਾ ਬਾਅਦ ਏਸੀਪੀ ਸਕੀਮ ਅਧੀਨ ਲਾਭ ਮਿਲਦੇ ਰਹੇ ਹਨ।

Punjab Subordinate Services Federation
1680, Sector 22-B, Chandigarh

ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਸਾਲ 2021 ਦੌਰਾਨ ਪੰਜਾਬ ਸਰਕਾਰ ਨੂੰ ਪੇਸ਼ ਕੀਤੀ ਗਈ ਆਪਣੀ ਰਿਪੋਰਟ ਦੇ ਪਾਰਟ 1 ਵਿੱਚ ਇਸ ਸਬੰਧੀ ਖਮੋਸ਼ੀ ਧਾਰਨ ਕਰ ਲੈਣ ਕਾਰਨ ਪੰਜਾਬ ਦੇ ਸਾਰੇ ਮੁਲਾਜ਼ਮ ਏ ਸੀ ਪੀ ਸਕੀਮ ਅਧੀਨ ਮਿਲਣ ਵਾਲੇ ਸਾਰੇ ਲਾਭਾਂ ਤੋਂ ਵਾਂਝੇ ਸਨ। ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਆਗੂਆਂ ਦੀ ਮਿਤੀ 25 ਅਪ੍ਰੈਲ 2025 ਨੂੰ ਕੈਬਿਨਟ ਸਬ ਕਮੇਟੀ ਦੇ ਚੇਅਰਮੈਨ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨਾਲ ਹੋਈ ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਮੰਨਿਆ ਗਿਆ ਸੀ ਕਿ ਛੇਵੇਂ ਤਨਖਾਹ ਕਮਿਸ਼ਨ ਨੇ ਏ ਸੀ ਪੀ ਸਕੀਮ ਅਧੀਨ ਲਾਭ ਦੇਣ ਵਾਸਤੇ ਆਪਣੀ ਰਿਪੋਰਟ ਪੰਜਾਬ ਸਰਕਾਰ ਨੂੰ ਪੇਸ਼ ਕਰ ਦਿੱਤੀ ਹੈ। ਆਗੂਆਂ ਨੇ ਮੀਟਿੰਗ ਦੌਰਾਨ ਵਿੱਤ ਮੰਤਰੀ ਪੰਜਾਬ ਤੋਂ ਮੰਗ ਕੀਤੀ ਸੀ ਕਿ ਇਹ ਰਿਪੋਰਟ ਤੁਰੰਤ ਜਨਤਕ ਕੀਤੀ ਜਾਵੇ। ਵਿੱਤ ਮੰਤਰੀ ਪੰਜਾਬ ਵੱਲੋਂ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਸਨ ਕਿ ਕਿ ਇਹ ਰਿਪੋਰਟ ਤੁਰੰਤ ਜਨਤਕ ਕਰ ਦਿੱਤੀ ਜਾਵੇ ਪਰ ਅਫਸੋਸ ਕਿ ਲਗਭਗ 20 ਦਿਨ ਬੀਤ ਜਾਣ ਦੇ ਬਾਵਜੂਦ ਵੀ ਪੰਜਾਬ ਸਰਕਾਰ ਵੱਲੋਂ ਅਜੇ ਤੱਕ ਇਹ ਰਿਪੋਰਟ ਜਨਤਕ ਨਹੀਂ ਕੀਤੀ ਗਈ। ਆਗੂਆਂ ਨੇ ਅੱਗੇ ਦੱਸਿਆ ਕਿ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀ ਮਿਤੀ 9 ਮਈ ਨੂੰ ਸੀਨੀਅਰ ਜੂਨੀਅਰ ਦਾ ਲਾਭ ਦੇਣ ਸਬੰਧੀ ਜਾਰੀ ਪੱਤਰ ਵਿੱਚ ਮੰਨਿਆ ਹੈ ਕਿ ਪੰਜਾਬ ਦੇ ਮੁਲਾਜ਼ਮਾਂ ਲਈ ਏ ਸੀ ਪੀ ਸਕੀਮ ਅਧੀਨ ਲਾਭ ਦੇਣ ਦਾ ਮਾਮਲਾ ਪੰਜਾਬ ਸਰਕਾਰ ਦੇ ਵਿਚਾਰ ਅਧੀਨ ਹੈ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਭ ਤੋਂ ਪਹਿਲਾਂ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਲਈ ਏ ਸੀ ਪੀ ਸਕੀਮ ਅਧੀਨ ਦਿੱਤੇ ਜਾਣ ਵਾਲੇ ਲਾਭਾਂ ਸਬੰਧੀ ਪੇਸ਼ ਕੀਤੀ ਗਈ ਰਿਪੋਰਟ ਤੁਰੰਤ ਜਨਤਕ ਕੀਤੀ ਜਾਵੇ ਤਾਂ ਜ਼ੋ ਪੰਜਾਬ ਦੇ ਲੱਖਾਂ ਮੁਲਾਜ਼ਮ ਅਤੇ ਸਾਰੀਆਂ ਮੁਲਾਜ਼ਮ ਜਥੇਬੰਦੀਆਂ ਇਸ ਸਬੰਧੀ ਵਿਚਾਰ ਚਰਚਾ ਕਰਕੇ ਲਾਗੂ ਕਰਵਾਉਣ ਸਬੰਧੀ ਅਗਲਾ ਫੈਸਲਾ ਲੈ ਸਕਣ।

## ਤਾਜ ਪਬਲਿਕ ਸਕੂਲ ਦਾ ਦਸਵੀਂ ਅਤੇ ਬਾਰ੍ਹਵੀਂ ਦਾ ਨਤੀਜਾ ਰਿਹਾ ਸੌ ਫੀਸਦੀ : ਪ੍ਰਿੰਸੀਪਲ ਰਾਜਿੰਦਰ ਕਸ਼ਯਪ

### ਦਸਵੀਂ ਜਮਾਤ ਵਿੱਚੋਂ ਕੋਮਲਪ੍ਰੀਤ ਕੌਰ ਮੱਲੀ ਦਾ 96.2 ਫੀਸਦੀ ਅੰਕਾਂ ਨਾਲ਼ ਪਹਿਲਾ ਸਥਾਨ

ਵਰਲਡ ਪੰਜਾਬੀ ਟਾਈਮਜ਼

ਫਰੀਦਕੋਟ, 14 ਮਈ : ਪ੍ਰਿੰਸੀਪਲ ਰਾਜਿੰਦਰ ਕਸ਼ਯਪ ਨੇ ਦੱਸਿਆ ਕਿ ਤਾਜ ਪਬਲਿਕ ਸਕੂਲ, ਜੰਡ ਸਾਹਿਬ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 100 ਫੀਸਦੀ ਰਿਹਾ। ਦਸਵੀਂ ਜਮਾਤ ਵਿੱਚੋਂ ਕੋਮਲਪ੍ਰੀਤ ਕੌਰ ਮੱਲੀ ਨੇ 96.2% ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਕਿਰਨਪ੍ਰੀਤ ਕੌਰ ਨੇ 93%, ਹਰਸਿਮਰਨ ਕੌਰ ਸੰਧੂ 91.4%, ਕੋਮਲਪ੍ਰੀਤ ਕੌਰ ਸਿੱਧੂ 91.4%, ਵੀਰਦਵਿੰਦਰ ਕੌਰ ਨੇ 91%, ਅੰਕ ਪ੍ਰਾਪਤ ਕਰਕੇ ਸਕੂਲ ਦਾ ਅਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ। ਇਸੇ ਤਰ੍ਹਾਂ ਅਵਨੀਤ ਕੌਰ, ਸੰਦਲੀ ਸ਼ਰਮਾ, ਗੁਨੀਤ ਕੌਰ, ਜਪਜੀਤ ਸਿੰਘ ਸਿੱਧੂ ਨੇ 80% ਤੋਂ ਉੱਪਰ ਅੰਕ ਪ੍ਰਾਪਕ ਕੀਤੇ। ਬਾਰਵੀਂ ਜਮਾਤ ਵਿੱਚੋਂ ਕਾਮਰਸ ਗਰੁੱਪ ਦੇ ਮਨਪ੍ਰੀਤ ਸਿੰਘ ਨੇ 94% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਰਮਣੀਤ ਕੌਰ ਨੇ 92% ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਰੀਆ ਨੇ 91% ਅੰਕ ਪ੍ਰਾਪਤ ਕੀਤਾ ਅਤੇ ਗੁਰਲੀਨ ਨੇ 90% ਅੰਕ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸਾਇੰਸ ਗਰੁੱਪ ਵਿੱਚੋਂ ਆਰੀਅਨ ਸਿੰਘ, ਹਰਸਿਮਰਨ ਸਿੰਘ, ਅਵਨੀਤ ਕੌਰ ਸੰਧੂ ਨੇ ਵਧੀਆ ਅੰਕ ਪ੍ਰਾਪਤ ਕੀਤੇ। ਆਰਟਸ ਗਰੁੱਪ ਵਿੱਚੋਂ ਜੈਸਮੀਨ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਚੇਅਰਮੈਨ ਹਰਪ੍ਰੀਤ ਸਿੰਘ ਸੰਧੂ, ਜਗਮੀਤ ਸਿੰਘ ਸੰਧੂ, ਚੇਅਰਪਰਸਨ ਮੈਡਮ ਰਮਨਦੀਪ ਕੌਰ ਸੰਧੂ, ਮੈਡਮ ਸ਼ਮਨਦੀਪ ਕੌਰ ਸੰਧੂ, ਪ੍ਰਿੰਸੀਪਲ ਡਾ. ਰਜਿੰਦਰ ਕਸ਼ਯਪ ਨੇ ਬੱਚਿਆਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਗਈ ਅਤੇ ਹੋਰ ਮਿਹਨਤ ਕਰਨ ਲਈ ਪ੍ਰੇਰਿਆ ਗਿਆ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕੋਆਰਡੀਨੇਟਰ ਮੈਡਮ ਸੀਮਾ ਸ਼ਰਮਾ, ਕਰਨੈਲ ਸਿੰਘ, ਸੁਖਜੋਤ ਕੌਰ, ਤੇਜਿੰਦਰ ਸਿੰਘ ਅਤੇ ਸਮੂਹ ਸਟਾਫ ਮੈਂਬਰ ਵੀ ਹਾਜ਼ਰ ਸਨ।

